ਆਕਾਸ਼ਵਾਣੀ ਜਲੰਧਰ

ਰਾਸ਼ਟਰੀ ਖਬਰਾਂ ਪੰਜਾਬੀ

19:30

ਮਿਤੀ: 17-11-2026

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤ ਅਤੇ ਆਸੀਆਨ ਦੇਸ਼ਾਂ ਵਿਚਕਾਰ ਵਧਦੀ ਭਾਈਵਾਲੀ ਨੂੰ ਉਜਾਗਰ ਕਰਦਿਆਂ ਹਿੰਦ ਪ੍ਰਸ਼ਾਂਤ ਖੇਤਰ ਵਿੱਚ ਸ਼ਾਂਤੀ, ਸਥਿਰਤਾ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਵਧੇਰੇ ਸਹਿਯੋਗ ਦਾ ਸੱਦਾ ਦਿੱਤਾ।

- ਚਾਰ ਕਵਾਡ ਦੇਸ਼ਾਂ - ਭਾਰਤ, ਅਮਰੀਕਾ , ਜਾਪਾਨ ਅਤੇ ਆਸਟ੍ਰੇਲੀਆ - ਦੇ ਨੇਤਾਵਾਂ ਨੇ ਅੱਜ ਮਨੀਲਾ 'ਚ ਵੱਖ - ਵੱਖ ਮੁੱਦਿਆਂ ਤੇ ਸਲਾਹ ਮਸ਼ਵਰਾ ਕੀਤਾ |

- ਕੇਂਦਰ ਸਰਕਾਰ ਨੇ ਪੰਜਾਬ ਦੇ ਕਿਸਾਨਾਂ ਲਈ ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਤਹਿਤ ਸਾਲ 2026 -27 ਲਈ 254.20 ਕਰੋੜ ਰੁਪਏ ਦੀ ਰਕਮ ਮਨਜ਼ੂਰ ਕੀਤੀ |

- ਇਸ ਸਾਲ ਅਪ੍ਰੈਲ ਤੋਂ ਸਤੰਬਰ ਵਿਚਕਾਰ ਭਾਰਤੀ ਇਲੈਕਟ੍ਰਾਨਿਕ ਉਪਕਰਣਾਂ ਦੀ ਬਰਾਮਦ ਵਿੱਚ 44 ਫੀਸਦੀ ਦਾ ਤੇਜ਼ ਵਾਧਾ ਦਰਜ ਕੀਤਾ ਗਿਆ ਏ ।

- ਪੰਜਾਬ ਪੁਲਿਸ ਨੇ ਨਸ਼ੀਲੇ ਪਦਾਰਥਾਂ ਤੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਇਕ ਵੱਡੇ ਅੰਤਰਰਾਸ਼ਟਰੀ ਗਿਰੋਹ ਦਾ ਪਰਦਾਫਾਸ਼ ਕੀਤਾ ਏ |

ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਆਸੀਅਨ ਵਿਚਕਾਰ ਵਧਦੀ ਭਾਈਵਾਲੀ ਨੂੰ ਉਜਾਗਰ ਕਰਦਿਆਂ ਹਿੰਦ-ਪ੍ਰਸ਼ਾਂਤ ਖੇਤਰ ਵਿੱਚ ਸ਼ਾਂਤੀ, ਸਥਿਰਤਾ ਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਵਧੇਰੇ ਸਹਿਯੋਗ ਦਾ ਸੱਦਾ ਦਿੱਤਾ ਹੈ। ਸ੍ਰੀ ਮੋਦੀ ਅੱਜ ਫਿਲੀਪੀਂਸ ਦੇ ਮਨੀਲਾ ਵਿੱਚ 13ਵੇਂ ਆਸੀਅਨ ਭਾਰਤ ਸੰਮੇਲਨ ਨੂੰ ਸੰਬੋਧਨ ਕਰ ਰਹੇ ਸਨ। ਸੰਮੇਲਨ ਨੂੰ ਸੰਬੋਧਨ ਕਰਦਿਆਂ ਸ੍ਰੀ ਮੋਦੀ ਨੇ ਫਿਲੀਪੀਂਸ ਦੇ ਰਾਸ਼ਟਰਪਤੀ ਫਰਡੀਨੈਂਡ ਮਾਰਕੋਸ ਜੂਨੀਅਰ ਨੂੰ ਆਸੀਅਨ ਦੀ ਸਫਲ ਪ੍ਰਧਾਨਗੀ ਲਈ ਵਧਾਈ ਦਿੱਤੀ।ਸ੍ਰੀ ਮੋਦੀ ਨੇ ਕਿਹਾ ਕਿ ਇਸ ਫਾਰਮੈਟ ਵਿੱਚ ਆਸੀਅਨ ਨੇਤਾਵਾਂ ਨਾਲ ਉਨ੍ਹਾਂ ਦੀ 13ਵੀਂ ਮੁਲਾਕਾਤ ਹੈ। ਉਨ੍ਹਾਂ ਕਿਹਾ ਕਿ ਭਾਰਤ ਦੀ 'ਐਕਟ ਈਸਟ ਨੀਤੀ' ਨੇ ਪਿਛਲੇ ਕਈ ਸਾਲਾਂ ਵਿੱਚ ਭਾਰਤ-ਆਸੀਅਨ ਸੰਬੰਧਾਂ ਨੂੰ ਨਵੀਂ ਗਤੀ ਅਤੇ ਤਾਕਤ ਪ੍ਰਦਾਨ ਕੀਤੀ ਹੈ। ਸ੍ਰੀ ਮੋਦੀ ਨੇ ਕਿਹਾ ਕਿ ਸਾਂਝੀ ਸੰਸਕ੍ਰਿਤੀ ਅਤੇ ਵਿਰਾਸਤ 'ਤੇ ਆਧਾਰਿਤ ਇਹ

ਭਾਈਵਾਲੀ ਹੁਣ ਡਿਜੀਟਲ ਤਕਨਾਲੋਜੀ, ਰੱਖਿਆ ਅਤੇ ਪੁਲਾੜ ਵਰਗੇ ਨਵੇਂ ਖੇਤਰਾਂ ਵਿੱਚ ਫੈਲ ਰਹੀ ਹੈ।ਸ੍ਰੀ ਮੋਦੀ ਨੇ ਕਿਹਾ ਕਿ 2014 ਤੋਂ ਭਾਰਤ ਅਤੇ ਆਸੀਅਨ ਨੇ ਲੋਕਾਂ ਤੋਂ ਲੋਕਾਂ ਦੇ ਸੰਪਰਕ ਨੂੰ ਵਧਾਉਣ ਲਈ 100 ਤੋਂ ਵੱਧ ਪਹਿਲ ਕਦਮੀਆਂ ਕੀਤੀਆਂ ਹਨ।

BYTE

ਸ੍ਰੀ ਮੋਦੀ ਨੇ ਅੱਗੇ ਕਿਹਾ ਕਿ ਅੱਜ ਭਾਰਤ ਅਤੇ ਨੌਂ ਆਸੀਅਨ ਦੇਸ਼ਾਂ ਦੇ ਵਿਚਕਾਰ ਡਾਇਰੈਕਟ ਫਲਾਈਟਸ ਅਤੇ ਵਧਦਾ ਪਤਨ ਵੀ ਸਾਡੀ ਨਿਕਟਤਾ ਦਾ ਇੱਕ ਪ੍ਰਮਾਣ ਹੈ | ਬਾਅਦ ਵਿੱਚ, ਸ੍ਰੀ ਮੋਦੀ ਨੇ ਮਨੀਲਾ ਵਿੱਚ 12ਵੇਂ ਪੂਰਬੀ ਏਸ਼ੀਆ ਸੰਮੇਲਨ ਵਿੱਚ ਹਿੱਸਾ ਲਿਆ। ਉਨ੍ਹਾਂ ਨੇ ਇੱਕ ਸ਼ਾਂਤੀਪੂਰਨ, ਸਥਿਰ ਅਤੇ ਖੁਸ਼ਹਾਲ ਹਿੰਦ-ਪ੍ਰਸ਼ਾਂਤ ਖੇਤਰ ਲਈ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਦੁਹਰਾਇਆ ਅਤੇ ਖੇਤਰੀ ਵਿਵਸਥਾ ਵਿੱਚ ਆਸੀਅਨ ਦੀ ਕੇਂਦਰੀ ਭੂਮਿਕਾ ਦਾ ਜ਼ਿਕਰ ਕੀਤਾ। ਸੰਮੇਲਨ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਖੇਤਰੀ ਸਹਿਯੋਗ ਵਧਾਉਣ ਦਾ ਸੱਦਾ ਦਿੱਤਾ।

ਪ੍ਰਧਾਨ ਮੰਤਰੀ ਨੇ ਅੱਜ ਮਨੀਲਾ ਵਿੱਚ ਥਾਈਲੈਂਡ ਅਤੇ ਸਿੰਘਾਪੁਰ ਦੇ ਪ੍ਰਧਾਨ ਮੰਤਰੀਆਂ ਨਾਲ ਦੁਵੱਲੀਆਂ ਮੀਟਿੰਗਾਂ ਕੀਤੀਆਂ। ਸਿੰਘਾਪੁਰ ਦੇ ਪ੍ਰਧਾਨ ਮੰਤਰੀ ਲੌਰੈਂਸ ਵੋਂਗ ਨਾਲ ਆਪਣੀ ਮੁਲਾਕਾਤ ਵਿੱਚ ਦੋਹਾਂ ਨੇਤਾਵਾਂ ਨੇ ਵਿਆਪਕ ਰਣਨੀਤਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਅਤੇ ਭਾਈਵਾਲੀ ਨੂੰ ਲਾਗੂ ਕਰਨ ਵੱਲ ਪ੍ਰਗਤੀ ਦੀ ਸਮੀਖਿਆ ਕੀਤੀ। ਥਾਈਲੈਂਡ ਦੇ ਪ੍ਰਧਾਨ ਮੰਤਰੀ ਅਨੁਤਿਨ ਚਰਨਿਵਿਰਕੁਲ ਨਾਲ ਆਪਣੀ ਮੁਲਾਕਾਤ ਵਿੱਚ ਸ੍ਰੀ ਮੋਦੀ ਨੇ ਭਾਰਤ-ਥਾਈਲੈਂਡ ਰਣਨੀਤਕ ਭਾਈਵਾਲੀ

ਦੀ ਸਮੀਖਿਆ ਕੀਤੀ। ਫਿਲੀਪੀਂਸ ਦੀ ਰਾਜਧਾਨੀ ਮਨੀਲਾ ਵਿੱਚ ਕਵਾਡ ਦੇਸ਼ਾਂ ਦੀ ਮੀਟਿੰਗ ਚੱਲ ਰਹੀ ਹੈ। ਚਾਰ ਕਵਾਡ ਦੇਸ਼ਾਂ - ਭਾਰਤ, ਅਮਰੀਕਾ, ਜਾਪਾਨ ਅਤੇ ਆਸਟ੍ਰੇਲੀਆ ਦੇ ਨੇਤਾ ਇਸ ਮੀਟਿੰਗ ਵਿੱਚ ਸ਼ਾਮਲ ਹੋਏ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਮਨੀਲਾ ਅਤੇ ਕਵਾਡ ਦਾ ਇੱਕ ਲੰਬੇ ਸਮੇਂ ਤੋਂ ਚੱਲਿਆ ਆ ਰਿਹਾ ਵਿਸ਼ੇਸ਼ ਰਿਸ਼ਤਾ ਹੈ।

BYTE

ਅਮਰੀਕੀ ਰਾਸ਼ਟਰਪਤੀ ਡੋਨਾਲਡ ਟ੍ਰੰਪ ਨੇ ਕਿਹਾ ਕਿ ਕਵਾਡ ਦੇ ਮੁੜ ਸਰਗਰਮ ਹੋਣ ਤੋਂ ਬਾਅਦ ਇਸ ਦੇ ਮੈਂਬਰਾਂ ਵਿਚਕਾਰ ਸਹਿਯੋਗ ਲਗਾਤਾਰ ਵਧਿਆ ਹੈ ਅਤੇ ਉਨ੍ਹਾਂ ਦੀ ਦੋਸਤੀ ਡੂੰਘੀ ਹੋਈ ਹੈ।

ਕੇਂਦਰ ਸਰਕਾਰ ਨੇ ਸੂਬੇ ਦੇ ਕਿਸਾਨਾਂ ਦੇ ਲਾਭ ਲਈ ਪ੍ਰਧਾਨ ਮੰਤਰੀ-ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ (PM- R K V Y) ਤਹਿਤ ਸਾਲ 2026-2027 ਲਈ ਪੰਜਾਬ ਲਈ 254.20 ਕਰੋੜ ਰੁਪਏ ਦੀ ਰਕਮ ਮਨਜ਼ੂਰ ਕੀਤੀ ਏ । ਇਸ ਨੇ ਪੰਜਾਬ ਸਰਕਾਰ ਵਲੋਂ ਕੀਤੀ ਗਈ ਮੰਗ ਮੁਤਾਬਿਕ 7 ਪ੍ਰੋਜੈਕਟਾਂ ਲਈ 98 ਕਰੋੜ 44 ਲੱਖ ਰੁਪਏ ਦੀ ਰਕਮ ਵੀ ਮਨਜ਼ੂਰ ਕੀਤੀ ਏ । ਇਹ ਰਕਮ ਪੰਜਾਬ ਵਿੱਚ ਖੇਤੀਬਾੜੀ ਉਤਪਾਦਕਤਾ ਵਧਾਉਣ, ਆਧੁਨਿਕ ਖੇਤੀਬਾੜੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਸਮੁੱਚੇ ਖੇਤੀਬਾੜੀ ਵਿਕਾਸ ਨੂੰ ਨਵੀਂ ਗਤੀ ਦੇਵੇਗੀ। ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਮੋਹਾਲੀ ਜ਼ਿਲ੍ਹੇ ਦੇ ਇੱਕ ਪਿੰਡ ਵਿੱਚ 'ਖੇਤ ਬਚਾਓ ਅਭਿਆਨ' ਪ੍ਰੋਗਰਾਮ ਦੌਰਾਨ ਪੰਜਾਬ ਦੇ ਖੇਤੀਬਾੜੀ ਮੰਤਰੀ, ਗੁਰਮੀਤ ਸਿੰਘ ਖੁੱਡੀਆਂ ਨੂੰ ਪ੍ਰਵਾਨਗੀ ਪੱਤਰ ਸੌਂਪੇ.

ਕਿਸਾਨਾਂ ਦੀ ਭਲਾਈ ਲਈ ਕੇਂਦਰ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਸਿਆਸੀ ਮਤਭੇਦਾਂ ਤੋਂ ਉੱਪਰ ਉੱਠ ਕੇ, ਸਾਡਾ ਇੱਕੋ ਇੱਕ ਉਦੇਸ਼ ਪੰਜਾਬ ਦੇ ਕਿਸਾਨਾਂ ਦੇ ਜੀਵਨ ਨੂੰ ਬਿਹਤਰ ਬਣਾਉਣਾ ਏ-

BYTE

ਮੰਤਰੀ ਨੇ ਕਿਹਾ ਕਿ ਪਹਿਲੀ ਵਾਰ, ਸਰਕਾਰ ਦੇਸ਼ ਭਰ ਵਿੱਚ 10 ਹਜ਼ਾਰ ਹੈਕਟੇਅਰ ਰਕਬੇ ਵਿੱਚ ਯੂਰੀਆ ਦੇ ਵਿਕਲਪ ਵਜੋਂ ਹਰੇ ਅਮੋਨੀਆ ਦੀ ਵਰਤੋਂ ਕਰ ਰਹੀ ਏ, ਜਿਸ ਵਿੱਚ ਪੰਜਾਬ ਦਾ 1 ਹਜ਼ਾਰ 8 ਹੈਕਟੇਅਰ ਰਕਬਾ ਵੀ ਸ਼ਾਮਿਲ ਏ. ਉਨ੍ਹਾਂ ਕਿਹਾ ਕਿ ਇਸਦੀ ਸਫਲਤਾ ਕਿਸਾਨਾਂ ਨੂੰ ਲਾਭ ਪਹੁੰਚਾਏਗੀ । ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਧਰਤੀ ਮਾਂ ਨੂੰ ਬਚਾਉਣ ਲਈ ਖੇਤਾਂ ਵਿੱਚ ਜ਼ਿਆਦਾ ਰਸਾਇਣਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਨਾ ਕਰਨ ਅਤੇ ਪਰਾਲੀ ਨਾ ਸਾੜ੍ਹਨ -

BYTE

ਬਾਅਦ ਵਿੱਚ, ਉਨ੍ਹਾਂ ਨੇ ਲੁਧਿਆਣਾ ਦੇ ਸਮਰਾਲਾ ਵਿਖੇ ਕ੍ਰਿਸ਼ੀ ਵਿਗਿਆਨ ਕੇਂਦਰ ਦਾ ਵੀ ਦੌਰਾ ਕੀਤਾ ਅਤੇ 'ਖੇਤ ਬਚਾਓ ਅਭਿਆਨ' ਦੇ ਹਿੱਸੇ ਵਜੋਂ ਕਿਸਾਨਾਂ ਨਾਲ ਗੱਲਬਾਤ ਕੀਤੀ।

ਇਸ ਸਾਲ ਅਪ੍ਰੈਲ ਤੋਂ ਸਤੰਬਰ ਦਰਮਿਆਨ ਭਾਰਤੀ ਇਲੈਕਟ੍ਰਾਨਿਕ ਉਪਕਰਨਾਂ ਦੀ ਬਰਾਮਦ ਵਿੱਚ 44 ਫੀਸਦੀ ਦਾ ਤੇਜ਼ ਵਾਧਾ ਹੋਇਆ ਹੈ। ਇਨ੍ਹਾਂ ਬਰਾਮਦਾਂ ਵਿੱਚ ਸਭ ਤੋਂ ਵੱਡਾ ਹਿੱਸਾ ਸਮਾਰਟਫੋਨਜ਼ ਦਾ ਹੈ। ਇਲੈਕਟ੍ਰਾਨਿਕ ਉਪਕਰਨਾਂ ਦੀ ਬਰਾਮਦ ਪਿਛਲੇ ਸਾਲ ਦੀ ਇਸੇ ਮਿਆਦ

ਵਿੱਚ 22 ਅਰਬ ਡਾਲਰ ਤੋਂ ਵਧ ਕੇ ਲਗਭਗ 32 ਅਰਬ ਡਾਲਰ ਹੋ ਗਈ ਹੈ।

ਕੇਂਦਰੀ ਮੰਤਰੀ ਅਤੇ ਭਾਜਪਾ ਦੇ ਪੰਜਾਬ ਚੋਣ ਇੰਚਾਰਜ ਸੀ.ਆਰ. ਪਾਟਿਲ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਨੂੰ ਮੁੜ ਖੋਲ੍ਹਣ ਲਈ ਯਤਨ ਕੀਤੇ ਸਨ ਅਤੇ ਕੁਝ ਸਫਲਤਾ ਵੀ ਪ੍ਰਾਪਤ ਹੋਈ ਸੀ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਭਵਿੱਖ ਵਿੱਚ ਵੀ ਸਾਰਿਆਂ ਦੀਆਂ ਭਾਵਨਾਵਾਂ ਦਾ ਸਤਿਕਾਰ ਕੀਤਾ ਜਾਵੇਗਾ।

BYTE

ਪੰਜਾਬ ਪੁਲਿਸ ਨੇ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਇੱਕ ਵੱਡੇ ਅੰਤਰਰਾਸ਼ਟਰੀ ਗਰੋਹ ਦਾ ਪਰਦਾਫਾਸ਼ ਕੀਤਾ ਹੈ। ਇੱਕ ਪ੍ਰੈੱਸ ਕਾਨਫਰੰਸ ਦੌਰਾਨ ਇਸ ਵੱਡੇ ਆਪ੍ਰੇਸ਼ਨ ਦਾ ਖੁਲਾਸਾ ਕਰਦਿਆਂ ਬਾਰਡਰ ਰੇਂਜ ਦੇ ਇੰਸਪੈਕਟਰ ਜਨਰਲ ਆਫ ਪੁਲਿਸ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਿਸ ਨੇ ਕਰੀਬ 39 ਕਿਲੋ ਹੈਰੋਇਨ, 10 ਆਧੁਨਿਕ ਪਿਸਤੌਲ, 102 ਜ਼ਿੰਦਾ ਕਾਰਤੂਸ ਅਤੇ ਅੱਧਾ ਕਿਲੋ ਤੋਂ ਵੱਧ ਅਫੀਮ ਬਰਾਮਦ ਕੀਤੀ ਹੈ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤ ਅਤੇ ਆਸੀਆਨ ਦੇਸ਼ਾਂ ਵਿਚਕਾਰ ਵਧਦੀ ਭਾਈਵਾਲੀ ਨੂੰ ਉਜਾਗਰ ਕਰਦਿਆਂ ਹਿੰਦ ਪ੍ਰਸ਼ਾਂਤ ਖੇਤਰ ਵਿੱਚ ਸ਼ਾਂਤੀ, ਸਥਿਰਤਾ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਵਧੇਰੇ ਸਹਿਯੋਗ ਦਾ ਸੱਦਾ ਦਿੱਤਾ।

- ਚਾਰ ਕਵਾਡ ਦੇਸ਼ਾਂ - ਭਾਰਤ, ਅਮਰੀਕਾ , ਜਾਪਾਨ ਅਤੇ ਆਸਟ੍ਰੇਲੀਆ - ਦੇ ਨੇਤਾਵਾਂ ਨੇ ਅੱਜ ਮਨੀਲਾ 'ਚ ਵੱਖ - ਵੱਖ ਮੁੱਦਿਆਂ ਤੇ ਸਲਾਹ ਮਸ਼ਵਰਾ ਕੀਤਾ |

- ਕੇਂਦਰ ਸਰਕਾਰ ਨੇ ਪੰਜਾਬ ਦੇ ਕਿਸਾਨਾਂ ਲਈ ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਤਹਿਤ ਸਾਲ 2026 -27 ਲਈ 254.20 ਕਰੋੜ ਰੁਪਏ ਦੀ ਰਕਮ ਮਨਜ਼ੂਰ ਕੀਤੀ |

- ਇਸ ਸਾਲ ਅਪ੍ਰੈਲ ਤੋਂ ਸਤੰਬਰ ਵਿਚਕਾਰ ਭਾਰਤੀ ਇਲੈਕਟ੍ਰਾਨਿਕ ਉਪਕਰਣਾਂ ਦੀ ਬਰਾਮਦ ਵਿੱਚ 44 ਫੀਸਦੀ ਦਾ ਤੇਜ਼ ਵਾਧਾ ਦਰਜ ਕੀਤਾ ਗਿਆ ਏ ।

- ਪੰਜਾਬ ਪੁਲਿਸ ਨੇ ਨਸ਼ੀਲੇ ਪਦਾਰਥਾਂ ਤੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਇਕ ਵੱਡੇ ਅੰਤਰਰਾਸ਼ਟਰੀ ਗਿਰੋਹ ਦਾ ਪਰਦਾਫਾਸ਼ ਕੀਤਾ ਏ |

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ ਸਾਢੇ 8 ਵਜੇ ਹੋਏਗਾ। ਨਮਸਕਾਰ!